# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 20:30

**ਮਿਤੀ :14-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸਰਕਾਰ ਵਲੋਂ ਰੇਲਵੇ ਮੁਲਾਜ਼ਮਾਂ ਨੂੰ 78 ਦਿਨਾਂ ਦੇ ਉਤਪਾਦਕਤਾ-ਅਧਾਰਿਤ ਬੋਨਸ ਨੂੰ ਮਨਜ਼ੂਰੀ. ਪੰਜ ਸਾਲਾਂ ਦੀ ਮਿਆਦ ਲਈ ਰਾਸ਼ਟਰੀ ਸਮਾਜਿਕ ਸਹਾਇਤਾ ਪ੍ਰੋਗਰਾਮ ਨੂੰ ਜਾਰੀ ਰੱਖਣ ਨੂੰ ਵੀ ਪ੍ਰਵਾਨਗੀ.

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹੈ ਕਿ ਭਾਰਤ, ਕੈਨੇਡਾ ਨਾਲ ਇੱਕ ਉਸਾਰੂ ਅਤੇ ਅਗਾਂਹਵਧੂ ਰਣਨੀਤਕ ਭਾਈਵਾਲੀ ਬਣਾਉਣ ਲਈ ਵਚਨਬੱਧ.

- ਭਾਰਤ ਨੇ ਨਾਗਰਿਕ ਬੁਨਿਆਦੀ ਢਾਂਚੇ 'ਤੇ ਹਮਲਿਆਂ ਦੀ ਨਿਖੇਧੀ ਕਰਦਿਆਂ ਸਾਊਦੀ ਅਰਬ ਨਾਲ ਇਕਜੁੱਟਤਾ ਪ੍ਰਗਟ ਕੀਤੀ.

- ਸਰਕਾਰ ਵਲੋਂ ਗੰਨਾ ਕਿਸਾਨਾਂ ਨੂੰ ਦਰਪੇਸ਼ ਮੁੱਦਿਆਂ ਦੀ ਜਾਂਚ ਲਈ ਇੱਕ ਕਮੇਟੀ ਦਾ ਗਠਨ.

- ਭਾਰਤ ਦੇ ਆਨੰਦਕੁਮਾਰ ਵੇਲਕੁਮਾਰ ਨੇ ਵਿਸ਼ਵ ਸਕੇਟਿੰਗ ਖੇਡਾਂ ਵਿਖੇ ਮਰਦਾਂ ਦੀ 1 ਹਜ਼ਾਰ ਮੀਟਰ ਸਪ੍ਰਿੰਟ ਸ਼੍ਰੇਣੀ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ।

***ਹੁਣ ਖਬਰਾਂ ਵਿਸਥਾਰ ਨਾਲ***

ਕੇਂਦਰੀ ਮੰਤਰੀ ਮੰਡਲ ਨੇ ਅੱਜ ਤਿੰਨ ਅਹਿਮ ਫੈਸਲੇ ਲਏ ਨੇ. 11 ਲਖ 40 ਹਜ਼ਾਰ ਤੋਂ ਵੱਧ ਰੇਲਵੇ ਮੁਲਾਜ਼ਮਾਂ ਲਈ 78 ਦਿਨਾਂ ਦੇ ਉਤਪਾਦਕਤਾ-ਅਧਾਰਿਤ ਬੋਨਸ ਨੂੰ ਮਨਜ਼ੂਰੀ ਦਿੱਤੀ ਗਈ ਏ. ਅੱਜ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਕੈਬਨਿਟ ਮੀਟਿੰਗ ਤੋਂ ਬਾਅਦ, ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਦੱਸਿਆ ਕਿ ਹਰੇਕ ਯੋਗ ਮੁਲਾਜ਼ਮ ਨੂੰ ਵਧ ਤੋਂ ਵਧ 17 ਹਜ਼ਾਰ 951 ਰੁਪਏ ਦਾ ਭੁਗਤਾਨ ਕੀਤਾ ਜਾਵੇਗਾ-

byte

ਸ਼੍ਰੀ ਵੈਸ਼ਨਵ ਨੇ ਇਹ ਵੀ ਦੱਸਿਆ ਕਿ ਰੇਲਵੇ ਅੰਦਰ ਇੱਕ ਵਿਸ਼ਾਲ ਭਰਤੀ ਮੁਹਿੰਮ ਚੱਲ ਰਹੀ ਏ, ਜਿਸ ਵਿੱਚ ਕਰੀਬ 1 ਲਖ 65 ਹਜ਼ਾਰ ਅਸਾਮੀਆਂ ਲਈ ਭਰਤੀ ਕੀਤੀ ਜਾ ਰਹੀ ਏ. ਓਹਨਾਂ ਕਿਹਾ ਕਿ ਮੰਤਰੀ ਮੰਡਲ ਨੇ 2026-27 ਤੋਂ 2030-31 ਤੱਕ ਪੰਜ ਸਾਲਾਂ ਦੀ ਮਿਆਦ ਲਈ ਰਾਸ਼ਟਰੀ ਸਮਾਜਿਕ ਸਹਾਇਤਾ ਪ੍ਰੋਗਰਾਮ ਨੂੰ ਜਾਰੀ ਰੱਖਣ ਨੂੰ ਵੀ ਪ੍ਰਵਾਨਗੀ ਦਿੱਤੀ ਏ

byte

ਉਨ੍ਹਾਂ ਕਿਹਾ ਕਿ ਦਿਵਿਆਂਗ ਜਨ ਪੈਨਸ਼ਨ ਯੋਜਨਾ ਤਹਿਤ ਹੁਣ 79 ਸਾਲ ਤੱਕ ਦੀ ਉਮਰ ਸਮੂਹ ਲਈ ਸਹਾਇਤਾ ਰਕਮ 375 ਰੁਪਏ ਅਤੇ

80 ਸਾਲ ਅਤੇ ਇਸ ਤੋਂ ਵੱਧ ਉਮਰ ਸਮੂਹ ਲਈ 625 ਰੁਪਏ ਹੋਵੇਗੀ. ਉਨ੍ਹਾਂ ਕਿਹਾ ਕਿ ਬਜ਼ੁਰਗਾਂ ਅਤੇ ਵਿਧਵਾਵਾਂ ਲਈ ਪੈਨਸ਼ਨ ਸਕੀਮਾਂ ਅਤੇ ਪਰਿਵਾਰਕ ਲਾਭ ਸਕੀਮਾਂ ਆਪਣੇ ਮੌਜੂਦਾ ਰੂਪ ਵਿੱਚ ਜਾਰੀ ਰਹਿਣਗੀਆਂ। ਸ਼੍ਰੀ ਵੈਸ਼ਨਵ ਨੇ ਇਹ ਵੀ ਦੱਸਿਆ ਕਿ ਆਈ.ਡੀ.ਬੀ.ਆਈ ਬੈਂਕ ਦੇ ਪੁਨਰਗਠਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਗਈ ਏ |

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ ਭਾਰਤ, ਕੈਨੇਡਾ ਨਾਲ ਇੱਕ ਅਜਿਹੀ ਉਸਾਰੂ ਅਤੇ ਅਗਾਂਹਵਧੂ ਰਣਨੀਤਕ ਭਾਈਵਾਲੀ ਬਣਾਉਣ ਲਈ ਵਚਨਬੱਧ ਏ ਜੋ ਦੋਵਾਂ ਦੇਸ਼ਾਂ ਦੇ ਲੋਕਾਂ ਨੂੰ ਠੋਸ ਲਾਭ ਪ੍ਰਦਾਨ ਕਰੇ. ਪ੍ਰਧਾਨ ਮੰਤਰੀ ਨੇ ਨਵੀਂ ਦਿੱਲੀ ਵਿੱਚ ਕੈਨੇਡਾ ਦੇ ਵਿਦੇਸ਼ ਮੰਤਰੀ ਅਨੀਤਾ ਆਨੰਦ ਨਾਲ ਮੁਲਾਕਾਤ ਕੀਤੀ ਅਤੇ ਦੁਵੱਲੇ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਚੱਲ ਰਹੇ ਯਤਨਾਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਵਪਾਰ, ਤਕਨਾਲੋਜੀ, ਸੁਰੱਖਿਆ, ਊਰਜਾ, ਸਿੱਖਿਆ ਅਤੇ ਲੋਕਾਂ-ਤੋਂ-ਲੋਕਾਂ ਦੇ ਵਟਾਂਦਰੇ ਦੇ ਖੇਤਰਾਂ ਵਿੱਚ ਭਾਰਤ-ਕੈਨੇਡਾ ਸਬੰਧਾਂ ਨੂੰ ਹੋਰ ਡੂੰਘਾ ਕਰਨ 'ਤੇ ਚਰਚਾ ਕੀਤੀ। ਸ਼੍ਰੀ ਮੋਦੀ ਨੇ ਦੁਵੱਲੇ ਸਬੰਧਾਂ ਵਿੱਚ ਗਤੀ ਨੂੰ ਕਾਇਮ ਰੱਖਣ ਅਤੇ ਇਸਨੂੰ ਠੋਸ ਨਤੀਜਿਆਂ ਵਿੱਚ ਬਦਲਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜਿਸ ਵਿੱਚ ਇੱਕ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ (CEPA) 'ਤੇ ਗੱਲਬਾਤ ਦੇ ਜਲਦੀ ਸਿੱਟੇ ਸ਼ਾਮਿਲ ਨੇ. ਉਨ੍ਹਾਂ ਨੇ ਆਪਸੀ ਹਿੱਤ ਦੀਆਂ ਖੇਤਰੀ ਅਤੇ ਆਲਮੀ ਗਤੀਵਿਧੀਆਂ 'ਤੇ ਵੀ ਵਿਚਾਰ – ਵਟਾਂਦਰਾ ਕੀਤਾ |

-----------------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਅਤੇ ਕੈਨੇਡਾ ਦੇ ਵਿਦੇਸ਼ ਮੰਤਰੀ ਅਨੀਤਾ ਆਨੰਦ ਨੇ ਅੱਜ ਵਪਾਰ ਅਤੇ ਨਿਵੇਸ਼, ਸਿੱਖਿਆ, ਊਰਜਾ, ਰੱਖਿਆ ਅਤੇ ਲੋਕਾਂ ਤੋਂ ਲੋਕਾਂ ਦੇ ਵਟਾਂਦਰੇ ਵਰਗੇ ਖੇਤਰਾਂ ਵਿੱਚ ਭਾਰਤ-ਕੈਨੇਡਾ ਸਬੰਧਾਂ ਵਿੱਚ ਪ੍ਰਗਤੀ ਦੀ ਸਮੀਖਿਆ ਕੀਤੀ। ਦੋਵੇਂ ਮੰਤਰੀਆਂ ਨੇ ਅੱਜ ਨਵੀਂ ਦਿੱਲੀ ਵਿੱਚ ਮੁਲਾਕਾਤ ਕੀਤੀ।

-----------------------------------------------------------

ਭਾਰਤ ਨੇ ਅੱਜ ਸਾਊਦੀ ਅਰਬ ਨਾਲ ਇਕਜੁੱਟਤਾ ਪ੍ਰਗਟ ਕੀਤੀ ਅਤੇ ਪੱਛਮੀ ਏਸ਼ੀਆਈ ਦੇਸ਼ਾਂ ਵਿੱਚ ਹੋਏ ਹਮਲਿਆਂ ਦੀ ਸਖ਼ਤ ਨਿਖੇਧੀ ਕੀਤੀ ਏ। ਸਾਊਦੀ ਅਰਬ ਦੀ ਤੇਲ ਕੰਪਨੀ, ਅਰਾਮਕੋ ਦੇ ਮੁੱਖ ਦਫਤਰ 'ਤੇ ਹੋਏ ਹਮਲੇ ਬਾਰੇ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਭਾਰਤ ਨਾਗਰਿਕ ਬੁਨਿਆਦੀ ਢਾਂਚੇ 'ਤੇ ਅਜਿਹੇ ਸਾਰੇ ਹਮਲਿਆਂ ਦੀ ਨਿਖੇਧੀ ਕਰਦਾ ਏ. ਉਨ੍ਹਾਂ ਕਿਹਾ ਕਿ ਅਜਿਹੇ ਹਮਲੇ ਪੂਰੀ ਤਰ੍ਹਾਂ ਅਸਵੀਕਾਰਨਯੋਗ ਨੇ ਅਤੇ ਫੌਰਨ ਬੰਦ ਹੋਣੇ ਚਾਹੀਦੇ ਨੇ. ਸ੍ਰੀ ਜੈਸਵਾਲ ਨੇ ਕਿਹਾ ਕਿ ਭਾਰਤ ਸਾਊਦੀ ਅਰਬ ਦੇ ਲੋਕਾਂ ਅਤੇ ਸਰਕਾਰ ਨਾਲ ਇਕਜੁੱਟਤਾ ਨਾਲ ਖੜ੍ਹਾ ਏ ਅਤੇ ਉਮੀਦ ਕਰਦਾ ਏ ਕਿ ਖੇਤਰ ਵਿੱਚ ਸ਼ਾਂਤੀ ਅਤੇ ਆਮ ਸਥਿਤੀ ਬਹਾਲ ਹੋ ਜਾਵੇਗੀ। ਸਾਊਦੀ ਅਰਬ ਵਿੱਚ ਭਾਰਤੀ ਪ੍ਰਵਾਸੀਆਂ ਦੀ ਸਥਿਤੀ ਬਾਰੇ, ਸ੍ਰੀ ਜੈਸਵਾਲ ਨੇ ਕਿਹਾ ਕਿ ਰਿਆਧ ਵਿੱਚ ਭਾਰਤੀ ਦੂਤਘਰ ਭਾਰਤੀ ਭਾਈਚਾਰੇ ਨਾਲ ਨਿਯਮਤ ਸੰਪਰਕ ਵਿੱਚ ਏ ਅਤੇ ਸਲਾਹ ਜਾਰੀ ਕੀਤੀ ਏ। ਉਨ੍ਹਾਂ ਕਿਹਾ ਕਿ

ਰਿਆਧ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਹਮਲੇ ਤੋਂ ਬਾਅਦ ਨਿਰਧਾਰਤ ਉਡਾਣਾਂ ਵਿੱਚ ਵਿਘਨ ਪਿਆ ਏ –

byte

ਭਾਰਤ-ਈਰਾਨ ਰਾਸ਼ਟਰੀ ਸੁਰੱਖਿਆ ਸਲਾਹਕਾਰ ਗੱਲਬਾਤ ਬਾਰੇ, ਬੁਲਾਰੇ ਨੇ ਕਿਹਾ ਕਿ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨੇ ਸੋਮਵਾਰ ਨੂੰ ਆਪਣੇ ਈਰਾਨੀ ਹਮਰੁਤਬਾ ਡਾ. ਮੋਹਸੇਨ ਰੇਜ਼ਾਈ ਨਾਲ ਗੱਲ ਕੀਤੀ। ਦੁਵੱਲੇ ਮੁੱਦਿਆਂ, ਖੇਤਰੀ ਸਥਿਤੀਆਂ ਅਤੇ ਅੰਤਰਰਾਸ਼ਟਰੀ ਗਤੀਵਿਧੀਆਂ  'ਤੇ ਚਰਚਾ ਕੀਤੀ ਗਈ। ਉਨ੍ਹਾਂ ਅੱਗੇ ਕਿਹਾ ਕਿ ਭਾਰਤੀ ਨਾਵਿਕਾਂ ਅਤੇ ਭਾਰਤੀ ਟੈਂਕਰਾਂ ਦੀ ਸੁਰੱਖਿਆ ਨੂੰ ਵੀ ਪ੍ਰਮੁੱਖਤਾ ਨਾਲ ਉਠਾਇਆ ਗਿਆ। ਸ਼੍ਰੀ ਜੈਸਵਾਲ ਨੇ ਰਾਜਧਾਨੀ ਦਿੱਲੀ ਦੀ ਸਥਿਤੀ 'ਤੇ ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰਾਂ ਲਈ ਹਾਈ ਕਮਿਸ਼ਨਰ ਦੇ ਦਫ਼ਤਰ ਵੱਲੋਂ ਹਾਲ ਹੀ ਵਿੱਚ ਕੀਤੀਆਂ ਗਈਆਂ ਟਿੱਪਣੀਆਂ ਨੂੰ ਬੇਬੁਨਿਆਦ ਅਤੇ ਅਸਵੀਕਾਰਨਯੋਗ ਦੱਸਿਆ ।

---

ਪੰਜਾਬ ਦੇ ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਜਕਰਤਾ, ਪਰਵਿੰਦਰ ਸਿੰਘ ਝੋਟਾ ਦਾ ਗੋਲੀ ਮਾਰ ਕੇ ਕ਼ਤਲ ਕਰ ਦਿੱਤੇ ਜਾਣ ਤੋਂ ਇੱਕ ਦਿਨ ਬਾਅਦ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਏ ਕਿਦਿਨ-ਦਿਹਾੜੇ ਹੋਏ ਇਸ ਕ਼ਤਲ ਵਿੱਚ ਸ਼ਾਮਿਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ-

BYTE

ਪੁਲਿਸ ਨੇ ਬੀਤੀ ਦੇਰ ਰਾਤ ਰਾਜਸਥਾਨ ਤੋਂ ਮੁੱਖ ਮੁਲਜ਼ਮ ਕੈਮਿਸਟ ਅਸ਼ਵਨੀ ਕੁਮਾਰ ਨੂੰ ਗ੍ਰਿਫ਼ਤਾਰ ਕਰ ਲਿਆ ਏ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਅੱਜ ਉਸਦਾ ਘਰ ਢਾਹ ਦਿੱਤਾ ਏ । ਪਰਵਿੰਦਰ ਸਿੰਘ ਝੋਟਾ ਦੇ ਕ਼ਤਲ ਦੇ ਵਿਰੋਧ ਵਿੱਚ ਧਰਨੇ 'ਤੇ ਬੈਠੇ ਲੋਕਾਂ ਸਮੇਤ ਗੁੱਸੇ ਵਿੱਚ ਆਈ ਭੀੜ ਨੇ ਕੈਮਿਸਟ ਦੀ ਦੁਕਾਨ 'ਤੇ ਭੰਨ-ਤੋੜ ਕੀਤੀ। ਕਾਨੂੰਨ ਵਿਵਸਥਾ ਬਣਾਈ ਰੱਖਣ ਲਈ, ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮਾਂ ਨੂੰ ਤਾਇਨਾਤ ਕੀਤਾ ਗਿਆ ਏ। ਇਸ ਦੌਰਾਨ, ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਸਮੇਤ ਵੱਖ-ਵੱਖ ਸਿਆਸੀ ਪਾਰਟੀਆਂ ਨੇ, ਇਸ ਕਤਲ ਅਤੇ ਸੂਬੇ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਦੀ ਨਿਖੇਧੀ ਕੀਤੀ ਏ. BJP ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕਾਨੂੰਨ ਦੀ ਮਾੜੀ ਸਥਿਤੀ ਲਈ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਕਿਹਾ ਕਿ ਪੁਲਿਸ ਮੁਲਾਜ਼ਮਾਂ ਸਮੇਤ ਬੇਕਸੂਰ ਲੋਕਾਂ ਦੇ ਕਤਲ ਦੀਆਂ ਘਟਨਾਵਾਂ ਕਰੀਬ – ਕਰੀਬ ਹਰ ਰੋਜ਼ ਹੀ ਸਾਹਮਣੇ ਆ ਰਹੀਆਂ ਨੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ , ਗ੍ਰਹਿ ਵਿਭਾਗ ਦਾ ਚਾਰਜ ਵੀ ਸੰਭਾਲ ਰਹੇ ਨੇ ਪਰ ਫਿਰ ਵੀ ਗੈਂਗਸਟਰ ਖੁੱਲ੍ਹੇ ਆਮ ਘੁੰਮ ਰਹੇ ਨੇ ਅਤੇ ਹਰ ਪਾਸੇ ਨਸ਼ੇ ਵਿਕ ਰਹੇ ਨੇ –

BYTE

ਸ਼੍ਰੀ ਢਿੱਲੋਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੋਵਾਂ ਨੇ ਪੰਜਾਬ ਦੇ ਆਪਣੇ ਹਾਲੀਆ ਦੌਰਿਆਂ ਦੌਰਾਨ

ਭਰੋਸਾ ਦਿੱਤਾ ਸੀ ਕਿ ਕਾਨੂੰਨ ਵਿਵਸਥਾ ਦੀ ਵਿਗੜਦੀ ਸਥਿਤੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

-----------------------------------------------------------

ਸਰਕਾਰ ਨੇ ਗੰਨਾ ਕਿਸਾਨਾਂ ਵਲੋਂ ਉਠਾਏ ਗਏ ਮੁੱਦਿਆਂ ਦੀ ਜਾਂਚ ਕਰਨ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਢੁਕਵੇਂ ਉਪਾਵਾਂ ਦੀ ਸਿਫ਼ਾਰਸ਼ ਕਰਨ ਵਾਸਤੇ  ਇੱਕ ਕਮੇਟੀ ਦਾ ਗਠਨ ਕੀਤਾ ਏ । ਨੀਤੀ ਆਯੋਗ ਦੇ ਸਾਬਕਾ ਮੈਂਬਰ ਪ੍ਰੋਫੈਸਰ ਰਮੇਸ਼ ਚੰਦ ਇਸ ਕਮੇਟੀ ਦੀ ਪ੍ਰਧਾਨਗੀ ਕਰਨਗੇ। ਕਰਨਾਟਕ ਅਤੇ ਮਹਾਰਾਸ਼ਟਰ ਦੇ ਗੰਨਾ ਕਿਸਾਨਾਂ ਦੇ ਪ੍ਰਤੀਨਿਧੀਆਂ ਦੀ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਅਤੇ ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਨਾਲ ਹੋਈ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਤੋਂ ਬਾਅਦ ਇਹ ਕਮੇਟੀ ਬਣਾਈ ਗਈ ਏ. ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ ਏ ਕਿ ਕਮੇਟੀ ਗੰਨਾ ਕਿਸਾਨਾਂ ਨੂੰ ਖੇਤੀ ਲਾਗਤਾਂ ਅਤੇ ਹੋਰ ਸੰਬੰਧਿਤ ਕਾਰਕਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਮਿਹਨਤਾਨਾ ਵਾਪਸੀ ਵਿੱਚ ਵਾਧੇ ਦੀ ਮੰਗ ਦੀ ਜਾਂਚ ਕਰੇਗੀ। ਇਹ ਖੰਡ ਉਤਪਾਦਨ ਲਾਗਤਾਂ, ਬਾਜ਼ਾਰ ਕੀਮਤਾਂ ਅਤੇ ਖੰਡ ਮਿੱਲਾਂ ਦੀ ਮਾਲੀ ਵਿਹਾਰਕਤਾ ਦੇ ਸੰਦਰਭ ਵਿੱਚ ਖੰਡ ਦੀ ਮਿਲ ਪ੍ਰਕਿਰਿਆ ਤੋਂ ਬਾਅਦ ਦੀ ਘੱਟੋ-ਘੱਟ ਵਿਕਰੀ ਕੀਮਤ (MSP) ਵਿੱਚ ਸੋਧ ਦੀ ਮੰਗ ਦੀ ਵੀ ਜਾਂਚ ਕਰੇਗੀ। ਕਮੇਟੀ ਕਿਸਾਨਾਂ ਨੂੰ ਭੁਗਤਾਨ ਯੋਗ ਗੰਨੇ ਦੀ ਕੀਮਤ 'ਤੇ ਮੌਜੂਦਾ ਢੰਗ ਤਰੀਕਿਆਂ ਦੇ ਵਿੱਤੀ ਪ੍ਰਭਾਵ ਦਾ ਮੁਲੰਕਣ ਕਰੇਗੀ ਅਤੇ ਲੋੜ ਅਨੁਸਾਰ ਹੋਰ ਸਬੰਧਤ ਮਾਮਲਿਆਂ 'ਤੇ ਵੀ ਵਿਚਾਰ ਕਰ ਸਕਦੀ ਏ ।

---------------------------------------------------

ਭਾਰਤ ਦੇ ਆਨੰਦਕੁਮਾਰ ਵੇਲਕੁਮਾਰ ਨੇ ਪੈਰਾਗੁਏ ਵਿੱਚ ਵਿਸ਼ਵ ਸਕੇਟਿੰਗ ਖੇਡਾਂ ਵਿੱਚ ਮਰਦਾਂ ਦੀ 1 ਹਜ਼ਾਰ ਮੀਟਰ ਸਪ੍ਰਿੰਟ ਸ਼੍ਰੇਣੀ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ।

---------------------------------------------------

ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ TWENTY - TWENTY  ਲੜੀ ਦਾ ਚੌਥਾ ਮੈਚ ਅੱਜ ਹੈਦਰਾਬਾਦ ਦੇ ਰਾਜੀਵ ਗਾਂਧੀ ਅੰਤਰਰਾਸ਼ਟਰੀ ਕ੍ਰਿਕੇਟ ਸਟੇਡੀਅਮ ਵਿੱਚ ਖੇਡਿਆ ਜਾ ਰਿਹਾ ਏ । ਤਾਜ਼ਾ ਖਬਰਾਂ ਮਿਲਣ ਸਮੇਂ ਤੱਕ ਵੈਸਟਇੰਡੀਜ਼ ਨੇ 18 ਓਵਰਾਂ ਵਿੱਚ 3 ਵਿਕਟਾਂ ਦੇ ਨੁਕਸਾਨ ਤੇ 219 ਦੌੜਾਂ ਬਣਾ ਲਈਆਂ ਨੇ |

---------------------------------------------------

- ਸਰਕਾਰ ਵਲੋਂ ਰੇਲਵੇ ਮੁਲਾਜ਼ਮਾਂ ਨੂੰ 78 ਦਿਨਾਂ ਦੇ ਉਤਪਾਦਕਤਾ-ਅਧਾਰਿਤ ਬੋਨਸ ਨੂੰ ਮਨਜ਼ੂਰੀ. ਪੰਜ ਸਾਲਾਂ ਦੀ ਮਿਆਦ ਲਈ ਰਾਸ਼ਟਰੀ ਸਮਾਜਿਕ ਸਹਾਇਤਾ ਪ੍ਰੋਗਰਾਮ ਨੂੰ ਜਾਰੀ ਰੱਖਣ ਨੂੰ ਵੀ ਪ੍ਰਵਾਨਗੀ.

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹੈ ਕਿ ਭਾਰਤ, ਕੈਨੇਡਾ ਨਾਲ ਇੱਕ ਉਸਾਰੂ ਅਤੇ ਅਗਾਂਹਵਧੂ ਰਣਨੀਤਕ ਭਾਈਵਾਲੀ ਬਣਾਉਣ ਲਈ ਵਚਨਬੱਧ.

- ਭਾਰਤ ਨੇ ਨਾਗਰਿਕ ਬੁਨਿਆਦੀ ਢਾਂਚੇ 'ਤੇ ਹਮਲਿਆਂ ਦੀ ਨਿਖੇਧੀ ਕਰਦਿਆਂ ਸਾਊਦੀ ਅਰਬ ਨਾਲ ਇਕਜੁੱਟਤਾ ਪ੍ਰਗਟ ਕੀਤੀ.

- ਸਰਕਾਰ ਵਲੋਂ ਗੰਨਾ ਕਿਸਾਨਾਂ ਨੂੰ ਦਰਪੇਸ਼ ਮੁੱਦਿਆਂ ਦੀ ਜਾਂਚ ਲਈ ਇੱਕ ਕਮੇਟੀ ਦਾ ਗਠਨ.

- ਭਾਰਤ ਦੇ ਆਨੰਦਕੁਮਾਰ ਵੇਲਕੁਮਾਰ ਨੇ ਵਿਸ਼ਵ ਸਕੇਟਿੰਗ ਖੇਡਾਂ ਵਿਖੇ ਮਰਦਾਂ ਦੀ 1 ਹਜ਼ਾਰ ਮੀਟਰ ਸਪ੍ਰਿੰਟ ਸ਼੍ਰੇਣੀ ਵਿੱਚ ਚਾਂਦੀ ਦਾ ਤਮਗਾ ਜਿੱਤਿਆ ਏ।

-----------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**